# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :21-02-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਵੱਲੋਂ ਹਿਮਾਚਲ ਪ੍ਰਦੇਸ਼ ਦੇ ਕਸੌਲੀ ਸਥਿਤ ਕੇਂਦਰੀ ਖੋਜ ਸੰਸਥਾ ਵਿਖੇ ਟੈਟਨਸ ਅਤੇ ਡਿਪਥੀਰੀਆ ਟੀਕਾਕਰਨ ਸੇਵਾ ਦੀ ਸ਼ੁਰੂਆਤ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬੇ ਦੇ ਸਰਹੱਦੀ ਬਲਾਕਾਂ ਨੂੰ ਆਸਵੰਦ ਜ਼ਿਲ੍ਹਿਆਂ ਅਤੇ ਆਸਵੰਦ ਬਲਾਕ ਪ੍ਰੋਗਰਾਮਾਂ ਵਿੱਚ ਸ਼ਾਮਲ ਕਰਨ ਦਾ ਸੁਝਾਅ ਦਿੱਤਾ।

• ਪੰਜਾਬ ਸਰਕਾਰ ਵੱਲੋਂ ਮਾਨਸਾ ਸਥਿਤ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ ਵਿਖੇ 10 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹੋਸਟਲ ਨਿਰਮਾਣ ਦੀ ਸ਼ੁਰੂਆਤ।

• ਮਹਿਲਾ ਕ੍ਰਿਕਟ ਵਿੱਚ, ਭਾਰਤ ਨੇ ਅੱਜ ਤਿੰਨ Twenty-twenty ਮੈਚਾਂ ਦੀ ਲੜੀ ਦੇ ਤੀਜੇ ਅਤੇ ਆਖਰੀ ਮੈਚ ਵਿੱਚ, ਆਸਟ੍ਰੇਲੀਆ ਨੂੰ 17 ਦੌੜਾਂ ਨਾਲ ਹਰਾ ਕੇ, ਲੜੀ 2-1 ਨਾਲ ਆਪਣੇ ਨਾਮ ਕੀਤੀ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਰੇਡੀਓ ਪ੍ਰੋਗਰਾਮ ਦਾ 131ਵਾਂ ਐਪੀਸੋਡ ਹੋਵੇਗਾ । 'ਮਨ ਕੀ ਬਾਤ' ਪ੍ਰੋਗਰਾਮ ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁੱਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ WEBSITE ਅਤੇ NEWSONAIR ਮੋਬਾਈਲ ਐਪ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਇਸ ਨੂੰ AIR ਨਿਊਜ਼, DD ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੇ YOUTUBE ਚੈਨਲਾਂ 'ਤੇ ਵੀ ਲਾਈਵ ਸਟ੍ਰੀਮ ਕੀਤਾ ਜਾਵੇਗਾ । ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ ਪ੍ਰੋਗਰਾਮ ਨੂੰ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕਰੇਗਾ।

-----------------------------------------------------------

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਹਿਮਾਚਲ ਪ੍ਰਦੇਸ਼ ਦੇ ਸੋਲਨ ਜ਼ਿਲ੍ਹੇ ਦੇ ਕਸੌਲੀ ਸਥਿਤ ਕੇਂਦਰੀ ਖੋਜ ਸੰਸਥਾ- CRI ਵਿਖੇ ਟੈਟਨਸ ਅਤੇ ਡਿਪਥੀਰੀਆ ਟੀਕਾਕਰਨ ਸੇਵਾ ਦੀ ਸ਼ੁਰੂਆਤ ਕੀਤੀ। ਇਸ ਮੌਕੇ 'ਤੇ ਬੋਲਦਿਆਂ, ਸ਼੍ਰੀ ਨੱਡਾ ਨੇ ਕਿਹਾ ਕਿ ਕਸੌਲੀ ਵਿੱਚ ਸਥਿਤ ਕੇਂਦਰੀ ਖੋਜ ਸੰਸਥਾ  ਨੇ ਸਵਦੇਸ਼ੀ ਟੀਕਿਆਂ ਦੇ ਵਿਕਾਸ ਵਿੱਚ ਮੁੱਖ ਭੂਮਿਕਾ ਨਿਭਾਈ ਏ। ਉਨ੍ਹਾਂ ਟੀਕੇ ਦੇ ਵਿਕਾਸ ਵਿੱਚ ਸੰਸਥਾ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਸਿਹਤ ਮੰਤਰੀ ਨੇ ਕਿਹਾ ਕਿ ਭਾਰਤ ਨੇ, ਸਿਹਤ ਸੰਭਾਲ ਅਤੇ ਫਾਰਮਾ-ਸਿਊਟੀਕਲ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਪ੍ਰਾਪਤ ਕੀਤੀਆਂ ਨੇ , ਜਿਸ ਵਿੱਚ ਕਸੌਲੀ ਵਿੱਚ ਸਥਿਤ ਸੀ.ਆਰ.ਆਈ ਨੇ ਮਹੱਤਵਪੂਰਨ ਯੋਗਦਾਨ ਪਾਇਆ ਏ। ਸ਼੍ਰੀ ਨੱਡਾ ਨੇ ਕਿਹਾ ਕਿ ਇਹ ਸਵਦੇਸ਼ੀ ਟੀਕਾ ਸਿਹਤ ਖੇਤਰ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਆਤਮ -ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਏ।

ਸਿਹਤ ਮੰਤਰੀ ਨੇ ਜ਼ਿਕਰ ਕੀਤਾ ਕਿ ਭਾਰਤ ਦੇ ਫਾਰਮੇਸੀ ਖੇਤਰ ਨੂੰ ਦੁਨੀਆ ਵਿਚ ਮੋਹਰੀ ਮੰਨਿਆ ਜਾਂਦਾ ਏ , ਅਤੇ ਵਿਆਪਕ ਟੀਕਾਕਰਨ ਪ੍ਰੋਗਰਾਮ ਦੁਨੀਆ ਦਾ ਸਭ ਤੋਂ ਵੱਡਾ ਟੀਕਾਕਰਨ ਪ੍ਰੋਗਰਾਮ ਏ। ਇਸ

ਪ੍ਰੋਗਰਾਮ ਨੂੰ ਮਜ਼ਬੂਤ ਕਰਨ ਲਈ, ਸੀ.ਆਰ.ਆਈ, ਕਸੌਲੀ ਅਪ੍ਰੈਲ 2026 ਤੱਕ 55 ਲਖ  ਖੁਰਾਕਾਂ ਪ੍ਰਦਾਨ ਕਰੇਗਾ।

---------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬੇ ਦੇ ਸਰਹੱਦੀ ਬਲਾਕਾਂ ਨੂੰ ਆਸਵੰਦ  ਜ਼ਿਲ੍ਹਿਆਂ ਅਤੇ ਆਸਵੰਦ ਬਲਾਕ ਪ੍ਰੋਗਰਾਮਾਂ ਵਿੱਚ ਸ਼ਾਮਲ ਕਰਨ ਦਾ ਸੁਝਾਅ ਦਿੱਤਾ ਏ। ਉਨ੍ਹਾਂ ਕਿਹਾ ਕਿ ਇਨ੍ਹਾਂ ਬਲਾਕਾਂ ਨੂੰ ਇੱਕ ਮਜ਼ਬੂਤ ਢਾਂਚੇ ਦੀ ਲੋੜ ਏ  ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਵਿਕਾਸ ਤੋਂ ਵਾਂਝੇ ਨਾ ਰਹਿਣ। ਕੱਲ੍ਹ ਚੰਡੀਗੜ੍ਹ ਵਿੱਚ ਨੀਤੀ ਆਯੋਗ ਦੇ ਆਸਵੰਦ  ਜ਼ਿਲ੍ਹਿਆਂ ਅਤੇ ਆਸਵੰਦ  ਬਲਾਕ ਪ੍ਰੋਗਰਾਮ ਤਹਿਤ  ਜ਼ਿਲ੍ਹਿਆਂ ਅਤੇ ਬਲਾਕਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਮਾਨਤਾ ਦੇਣ ਲਈ ਆਯੋਜਿਤ 'ਸੰਪੂਰਨ ਅਭਿਆਨ ਸਨਮਾਨ ਸਮਾਰੋਹ' ਦੀ ਪ੍ਰਧਾਨਗੀ ਕਰਦੇ ਹੋਏ, ਰਾਜਪਾਲ ਨੇ ਕਿਹਾ ਕਿ ਸਰਕਾਰ ਇਨ੍ਹਾਂ ਸਰਹੱਦੀ ਖੇਤਰ ਬਲਾਕਾਂ ਨੂੰ ਆਸਵੰਦ ਢਾਂਚੇ ਵਿੱਚ ਜੋੜ ਕੇ ਪਿਛਲੇ ਫੰਡਿੰਗ ਢਾਂਚੇ ਵਲੋਂ ਛੱਡੇ ਗਏ ਖਾਲੀਪਣ ਨੂੰ ਭਰਨ ਲਈ ਨਿਸ਼ਾਨਾਬੱਧ ਤਬਦੀਲੀ ਅਤੇ ਕਨਵਰਜੈਂਸ-ਅਧਾਰਤ ਕਾਰਵਾਈ ਦਾ ਲਾਭ ਉਠਾ ਸਕਦੀ ਏ। ਉਨ੍ਹਾਂ ਕਿਹਾ ਕਿ ਅਸਲ ਵਿਕਾਸ ਨੂੰ ਤੇਜ਼ ਪ੍ਰਗਤੀ ਨਾਲ ਨਹੀਂ ਬਲਕਿ ਸਮਾਜ ਦੇ ਕਮਜ਼ੋਰ ਵਰਗ ਦੇ ਸ਼ਸ਼ਕਤੀਕਰਨ ਨਾਲ ਮਾਪਿਆ ਜਾਂਦਾ ਏ।

ਨੀਤੀ ਆਯੋਗ ਵਿਖੇ  ਆਸਵੰਦ ਜ਼ਿਲ੍ਹਿਆਂ ਅਤੇ  ਆਸਵੰਦ ਬਲਾਕ ਪ੍ਰੋਗਰਾਮਾਂ ਦੇ ਵਧੀਕ ਸਕੱਤਰ ਅਤੇ ਮਿਸ਼ਨ ਡਾਇਰੈਕਟਰ ਰੋਹਿਤ ਕੁਮਾਰ ਨੇ ਵਿਸ਼ਵਾਸ਼ ਦਵਾਇਆ ਕਿ ਉਹ ਅਗਲੀ ਨੀਤੀ ਆਯੋਗ ਮੀਟਿੰਗ ਦੌਰਾਨ ਸਰਹੱਦੀ ਪਿੰਡਾਂ ਨੂੰ, ਇਸ ਪ੍ਰੋਗਰਾਮ ਵਿੱਚ ਸ਼ਾਮਲ ਕਰਨ ਲਈ ਸੂਬੇ ਦੀ ਤਜਵੀਜ਼ ਪੇਸ਼ ਕਰਨਗੇ।  ਉਨ੍ਹਾਂ ਦੱਸਿਆ ਕਿ ਮੁੱਖ ਉਦੇਸ਼ ਇਨ੍ਹਾਂ ਜ਼ਿਲ੍ਹਿਆਂ ਅਤੇ ਬਲਾਕਾਂ ਨੂੰ ਪ੍ਰੇਰਨਾਦਾਇਕ ਮਾਡਲਾਂ ਵਿੱਚ ਬਦਲਣਾ ਏ।

---------------------------------------------------------------

ਚੰਡੀਗੜ੍ਹ ਵਿਖੇ ਕਲ ਸ਼ੁਰੂ ਹੋਏ 54ਵੇਂ ਰੋਜ਼ ਫੈਸਟੀਵਲ-2026 ਵਿਚ ਲੋਕ ਵੱਡੀ ਗਿਣਤੀ ਵਿਚ ਪਹੁੰਚ ਕੇ ਇਸ ਸਾਲਾਨਾ ਮੇਲੇ ਦਾ ਆਨੰਦ ਮਾਣ ਰਹੇ ਨੇ। ਪ੍ਰਸਿੱਧ ਜ਼ਾਕਿਰ ਹੁਸੈਨ ਰੋਜ਼ ਗਾਰਡਨ ਵਿਖੇ ਕੁਦਰਤ ਨੂੰ ਸਮਰਪਿਤ ਇਸ ਤਿੰਨ ਦਿਨਾਂ ਰੋਜ਼ ਫੈਸਟੀਵਲ ਦਾ ਰਸਮੀ ਉਦਘਾਟਨ ਪੰਜਾਬ  ਦੇ ਰਾਜਪਾਲ ਅਤੇ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸ਼ਕ ਗੁਲਾਬ ਚੰਦ ਕਟਾਰੀਆ ਨੇ ਆਪਣੀ ਪਤਨੀ ਸ਼੍ਰੀਮਤੀ ਅਨੀਤਾ ਕਟਾਰੀਆ ਦੇ ਨਾਲ ਕੀਤਾ ਸੀ। ਰਾਜਪਾਲ ਨੇ ਰੋਜ਼ ਫੈਸਟੀਵਲ ਦੀ ਕਲਪਨਾ ਕਰਨ ਵਾਲੇ ਐੱਮ.ਐੱਸ. ਰੰਧਾਵਾ ਅਤੇ  ਡਾ. ਜ਼ਾਕਿਰ ਹੁਸੈਨ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਕੁਦਰਤ ਅਤੇ ਬਾਗ਼ਬਾਨੀ ਦਾ ਸੱਚਾ ਪ੍ਰੇਮੀ ਦੱਸਿਆ।

----------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਮਾਨਸਾ ਸਥਿਤ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ, ਮਾਨਸਾ ਵਿਖੇ ਕੁੜੀਆਂ ਦੇ ਨਵੇਂ ਹੋਸਟਲ ਦਾ ਨੀਂਹ ਪੱਥਰ ਰੱਖਿਆ। ਵਿੱਤ ਮੰਤਰੀ ਨੇ ਕਿਹਾ ਕਿ ਲਗਭਗ 10 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਨਾਲ ਬਣਨ ਵਾਲੇ ਕੁੜੀਆਂ ਦੇ ਇਸ ਹੋਸਟਲ ਦਾ ਨਿਰਮਾਣ ਅਗਲੇ ਛੇ ਮਹੀਨਿਆਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ। BYTE

ਅਮਨ-ਕਾਨੂੰਨ ਨੂੰ ਬਰਕਰਾਰ ਰੱਖਣ ਬਾਰੇ ਸਰਕਾਰ ਦੇ ਸਖ਼ਤ ਰੁਖ ਨੂੰ ਦੁਹਰਾਉਂਦੇ ਹੋਏ ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਅਤੇ ਗੈਂਗਸਟਰਾਂ ਦੇ ਖਾਤਮੇ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਏ। ਉਣਾ ਸਪੱਸ਼ਟ ਕੀਤਾ ਕਿ ਸੂਬੇ ਦੀ ਅਮਨ-ਕਾਨੂੰਨ ਦੀ ਸਥਿਤੀ ਨੂੰ ਵਿਗਾੜਨ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।

----------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਬੇ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ 70 ਫੀਸਦੀ ਤੋਂ ਵੱਧ ਕੰਮ ਹੋ ਰਿਹਾ ਏ ਅਤੇ ਲੋਕ ਵੱਡੇ ਪੱਧਰ ‘ਤੇ ਇਸਦਾ ਲਾਭ ਲੈ ਰਹੇ ਨੇ।

ਅੱਜ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਸਿਹਤ ਮੰਤਰੀ ਨੇ ਦੱਸਿਆ ਕਿ ਮੀਟਿੰਗ ਮੁੱਖ ਮੰਤਰੀ ਸਿਹਤ ਯੋਜਨਾ ਦੀ ਪ੍ਰਗਤੀ ਦੀ ਸਮੀਖਿਆ ਲਈ ਕੀਤੀ ਗਈ। ਉਨ੍ਹਾਂ ਕਿਹਾ ਕਿ ਸੂਬੇ 'ਚ 3 ਕਰੋੜ ਲੋਕਾਂ ਦੇ ਸਿਹਤ ਕਾਰਡ ਬਣਾਉਣ ਦਾ ਟੀਚਾ ਏ ।

BYTE:RNU210226

---------------------------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ 1951 ਬੈਚ ਦੇ ਸੇਵਾਮੁਕਤ ਆਈ.ਪੀ.ਐਸ ਅਧਿਕਾਰੀ ਜਗਜੀਤ ਸਿੰਘ ਬਾਵਾ ਨੂੰ ਉਨ੍ਹਾਂ ਦੇ 100ਵੇਂ ਜਨਮਦਿਨ ਮੌਕੇ ਸ਼ੁਭਕਾਮਨਾਵਾਂ ਦਿੱਤੀਆਂ ਨੇ । ਡੀਜੀਪੀ ਨੇ ਆਪਣੇ ਐਕਸ ਹੈਂਡਲ 'ਤੇ ਪਾਈ ਪੋਸਟ ਵਿੱਚ ਕਿਹਾ ਕਿ ਭਾਰਤੀ ਪੁਲਿਸ ਸੇਵਾ ਦੇ ਪੰਜਾਬ ਕੇਡਰ ਦੇ ਸ੍ਰੀ ਬਾਵਾ ਨੇ ਪੇਸ਼ੇਵਰ, ਸਿਧਾਂਤਕ ਅਤੇ ਨਿਡਰ ਪੁਲਿਸਿੰਗ ਦੀ ਮਜ਼ਬੂਤ ਬੁਨਿਆਦ ਰੱਖੀ । ਜ਼ਿਕਰਯੋਗ ਏ ਕਿ ਵਿਸ਼ੇਸ਼ ਡੀਜੀਪੀ ਹੈੱਡਕੁਆਰਟਰ ਐਸ.ਐਸ. ਸ੍ਰੀਵਾਸਤਵ ਅਤੇ ਅਮਲੇ ਬਾਰੇ ਡੀ.ਆਈ.ਜੀ ਅਮਨੀਤ ਕੌਂਡਲ ਨੇ ਸੀਨੀਅਰ ਅਧਿਕਾਰੀ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕਰਕੇ ਉਨ੍ਹਾਂ ਨੂੰ ਸਮੁੱਚੇ ਪੁਲਿਸ ਬਲ ਦੀ ਤਰਫ਼ੋਂ ਸ਼ੁਭਕਾਮਨਾਵਾਂ ਦਿੱਤੀਆਂ।

---------------------------------------------------------

ਕੌਮਾਂਤਰੀ ਮਾਂ ਬੋਲੀ ਦਿਵਸ ਦੇ ਸਿਲਸਿਲੇ ਵਿਚ ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ, ਵਿਖੇ ਵਿਸ਼ਵ ਪੰਜਾਬੀ ਕਾਨਫਰੰਸ ਕਰਵਾਈ ਜਾ ਰਹੀ ਏ। ਅੱਜ ਦੂਸਰੇ ਦਿਨ ਦੇ ਪਹਿਲੇ ਸੈਸ਼ਨ ਦੀ ਪ੍ਰਧਾਨਗੀ ਕਰਦਿਆਂ ਉਪ ਕੁਲਪਤੀ ਪ੍ਰੋ. ਕਰਮਜੀਤ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਭਵਿੱਖ ਦੀ ਤਕਨਾਲੋਜੀ ਨਾਲ ਜੋੜਨ ਅਤੇ ਪੰਜਾਬੀ ਭਾਸ਼ਾ ਨੂੰ ਆਲਮੀ ਡਿਜੀਟਲ ਮੰਚ ‘ਤੇ ਮਜ਼ਬੂਤ ਬਣਾਉਣ ਲਈ ਵਿਸ਼ਵ ਪੱਧਰੀ ਯੂਨੀਵਰਸਿਟੀਆਂ ਨਾਲ ਸਮਝੌਤੇ ਕਰਨ ਦੀ ਤਿਆਰੀ ਕੀਤੀ ਜਾ ਰਹੀ ਏ। ਇਸ ਤਹਿਤ ਐਨ.ਆਰ.ਆਈ ਭਾਈਚਾਰੇ ਦੀ ਭਾਗੀਦਾਰੀ ਨਾਲ ਆਈ.ਟੀ ਅਤੇ ਏ.ਆਈ ਲੈਬਾਂ ਦੀ ਸਪੋਂਸਰਸ਼ਿਪ, ਵਿਦਿਆਰਥੀਆਂ ਲਈ ਅੰਤਰਰਾਸ਼ਟਰੀ ਸਰਟੀਫਿਕੇਟ ਕੋਰਸ ਅਤੇ ਸਕਾਲਰਸ਼ਿਪਾਂ ਦੀ ਯੋਜਨਾ ‘ਤੇ ਕੰਮ ਚੱਲ ਰਿਹਾ ਏ। ਇਸ ਮੌਕੇ ਉੱਤੇ ਪ੍ਰੋ.ਕਰਮਜੀਤ ਸਿੰਘ ਦੀ ਪੁਸਤਕ “Meditation to Martyrdom: The Legacy of Sri Guru Teg Bahadur Ji” ਵੀ ਜਾਰੀ ਕੀਤੀ ਗਈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ ਅਧਿਐਨ ਸਕੂਲ ਮੁਖੀ  ਡਾ. ਮਨਜਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਸੁਆਗਤ ਕਰਦਿਆਂ ਕਿਹਾ ਕਿ ਏ.ਆਈ ਦੀ ਕ੍ਰਾਂਤੀ ਨੂੰ, ਪੰਜਾਬੀ ਭਾਸ਼ਾ ਨਾਲ ਜੋੜਨ ਦੀ ਸ਼ਦੀਦ ਜ਼ਰੂਰਤ ਏ ਅਤੇ ਇਹ ਕਾਨਫਰੰਸ ਇਸੇ ਲੋੜ ਵਿਚੋਂ ਉਪਜੀ ਏ।

ਮੁੱਖ ਮਹਿਮਾਨ ਸੁੱਖੀ ਬਾਠ ਨੇ ਕਿਹਾ ਕਿ ਇਹ ਪੰਜਾਬੀ ਭਾਸ਼ਾ ਦੇ ਸਿਲਸਿਲੇ ਵਿਚ ਏ.ਆਈ ਨਾਲ ਸਬੰਧਤ ਦੁਨੀਆ ਦੀ ਪਹਿਲੀ ਵਿਸ਼ਵ ਕਾਨਫਰੰਸ ਏ। ਉਹਨਾਂ ਕਿਹਾ ਕਿ ਬਾਲ ਸਾਹਿਤ ਨੂੰ ਵੀ ਏ. ਆਈ ਨਾਲ ਜੋੜਨਾ ਚਾਹੀਦਾ ਏ। ਇਸ ਮੌਕੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਵਿਸ਼ਵ ਪੱਧਰ 'ਤੇ ਨਾਮ ਰੌਸ਼ਨ ਕਰਨ ਵਾਲੀਆਂ ਤਿੰਨ ਮਹਾਨ ਸ਼ਖ਼ਸੀਅਤਾਂ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਯੂ.ਕੇ., ਪ੍ਰਸਿੱਧ ਵਿਗਿਆਨੀ ਕੰਵਰਪਾਲ ਸਿੰਘ ਸੂਰੀ ਅਤੇ  ਅੰਤਰ ਰਾਸ਼ਟਰੀ ਪੱਧਰ ਦੇ ਉਦਯੋਗਪਤੀ ਬਲਦੇਵ ਕੰਗ ਨੂੰ ਸਨਮਾਨਿਤ ਕੀਤਾ ਗਿਆ। ਏਧਰ ਜਲੰਧਰ ਸਥਿਤ  ਡਾ. ਬੀ. ਆਰ. ਅੰਬੇਡਕਰ ਰਾਸ਼ਟਰੀ ਤਕਨਾਲੋਜੀ ਸੰਸਥਾਨ-NIT ਦੀ ਰਾਜਭਾਸ਼ਾ ਕਮੇਟੀ ਵੱਲੋਂ ਵੀ  ਸੰਸਥਾਨ ਵਿੱਚ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ ਦਾ ਆਯੋਜਨ ਕੀਤਾ ਗਿਆ। ਇਸ ਦਾ ਮਕਸਦ ਮਾਤ ਭਾਸ਼ਾਵਾਂ  ਦੇ ਸਨਮਾਨ ਅਤੇ ਸੰਭਾਲ ਦੇ ਮਹੱਤਵ ਨੂੰ ਉਜਾਗਰ ਕਰਨਾ ਸੀ।

----------------------------------------------------

ਪਟਿਆਲਾ ਦੀ ਵਿਰਾਸਤੀ ਇਮਾਰਤ ਸ਼ੀਸ਼ ਮਹਿਲ ਵਿਖੇ ਲਗਾਏ ਪੰਜਾਬ ਸਖੀ ਸ਼ਕਤੀ ਕਰਾਫ਼ਟ ਮੇਲੇ ਦਾ ਅੱਜ ਆਗਾਜ਼ ਹੋਇਆ। ਇਸਦਾ ਉਦੇਸ਼ ਪਟਿਆਲਾ ਤੇ ਆਸ-ਪਾਸ ਦੇ ਲੋਕਾਂ ਨੂੰ ਪੇਂਡੂ ਮਹਿਲਾਵਾਂ ਦੇ ਸਵੈ ਸਹਾਇਤਾ ਸਮੂਹਾਂ ਅਤੇ ਦੇਸ਼ ਭਰ ਦੇ ਸ਼ਿਲਪਕਾਰਾਂ ਵੱਲੋਂ ਬਣਾਈਆਂ

ਵਸਤਾਂ ਦੀ ਇੱਕੋ ਮੰਚ 'ਤੇ ਉਪਲਬੱਧ ਕਰਵਾਉਣ ਸਮੇਤ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਸੱਭਿਆਚਾਰ ਤੋਂ ਵਾਕਫ਼ ਕਰਵਾਉਣਾ ਏ। 2 ਮਾਰਚ ਤੱਕ ਚੱਲਣ ਵਾਲੇ ਇਸ ਮੇਲੇ ਦਾ ਉਦਘਾਟਨ ਕਰਦਿਆਂ ਵਿਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਰਕਾਰ ਨੇ ਅਜਿਹੇ ਮੇਲਿਆਂ ਲਈ ਬਜਟ 5 ਕਰੋੜ ਤੋਂ ਵਧਾ ਕੇ 70 ਕਰੋੜ ਰੁਪਏ ਕੀਤਾ ਏ। ਵਿੱਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਖੀ ਸ਼ਕਤੀ ਮੇਲਾ, ਪਿੰਡ ਪੱਧਰੀ ਮਹਿਲਾ ਸਵੈ-ਸਹਾਇਤਾ ਸਮੂਹਾਂ ਅਤੇ ਮਹਿਲਾ ਉੱਦਮੀਆਂ ਨੂੰ ਸਰਕਾਰੀ ਪੱਧਰ 'ਤੇ ਮਜ਼ਬੂਤ ਮਾਰਕੀਟਿੰਗ ਮੰਚ ਮੁਹੱਈਆ ਕਰਵਾਉਣ ਦਾ ਅਹਿਮ ਉਪਰਾਲਾ ਏ। ਉਨ੍ਹਾਂ ਕਿਹਾ ਕਿ ਸਵੈ-ਸਹਾਇਤਾ ਸਮੂਹਾਂ ਵੱਲੋਂ ਉੱਚ ਗੁਣਵੱਤਾ ਵਾਲੇ, ਜੈਵਿਕ ਅਤੇ ਰਵਾਇਤੀ ਉਤਪਾਦ ਤਿਆਰ ਕੀਤੇ ਜਾਂਦੇ ਹਨ, ਪਰ ਵੱਡੇ ਪੱਧਰ 'ਤੇ ਮਾਰਕੀਟਿੰਗ ਦੇ ਮੌਕੇ ਨਾ ਮਿਲਣ ਕਾਰਨ ਉਨ੍ਹਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਏ।

---------------------------------------------------

ਮਹਿਲਾ ਕ੍ਰਿਕਟ ਵਿੱਚ, ਭਾਰਤ ਨੇ ਅੱਜ ਆਸਟ੍ਰੇਲੀਆ ਦੇ ਐਡੀਲੇਡ ਓਵਲ ਸਟੇਡੀਅਮ ਵਿੱਚ, ਤਿੰਨ Twenty-twenty ਮੈਚਾਂ ਦੀ ਲੜੀ ਦੇ ਤੀਜੇ ਅਤੇ ਆਖਰੀ ਮੈਚ ਵਿੱਚ, ਆਸਟ੍ਰੇਲੀਆ ਨੂੰ 17 ਦੌੜਾਂ ਨਾਲ ਹਰਾ ਕੇ, ਲੜੀ 2-1 ਨਾਲ ਜਿੱਤ ਲਈ ਏ।

ਭਾਰਤ ਵੱਲੋਂ ਦਿੱਤੇ ਗਏ 177 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਆਸਟ੍ਰੇਲੀਆ ਦੀ ਟੀਮ 9 ਵਿਕਟਾਂ 'ਤੇ 159 ਦੌੜਾਂ ਹੀ ਬਣਾ ਸਕੀ। ਭਾਰਤ ਲਈ Shreyanka Patil ਅਤੇ Shree Charani ਨੇ ਤਿੰਨ-ਤਿੰਨ ਵਿਕਟਾਂ ਲਈਆਂ, ਜਦੋਂ ਕਿ Arundhati Reddy ਨੇ ਦੋ ਅਤੇ Renuka Singh Thakur ਨੇ ਇੱਕ ਵਿਕਟ ਲਈ।

ਪਹਿਲਾਂ ਬੱਲੇਬਾਜ਼ੀ ਕਰਦਿਆਂ, ਭਾਰਤ ਨੇ ਨਿਰਧਾਰਤ 20 ਓਵਰਾਂ ਵਿੱਚ, 6 ਵਿਕਟਾਂ ਦੇ ਨੁਕਸਾਨ 'ਤੇ 176 ਦੌੜਾਂ ਬਣਾਈਆਂ। ਸਮ੍ਰਿਤੀ ਮੰਧਾਨਾ ਨੇ 55 ਗੇਂਦਾਂ ਵਿੱਚ, 82 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ।

------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਸਵੇਰੇ 11 ਵਜੇ ਆਕਾਸ਼ਵਾਣੀ 'ਤੇ ''ਮਨ ਕੀ ਬਾਤ'' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।
- ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਵੱਲੋਂ ਹਿਮਾਚਲ ਪ੍ਰਦੇਸ਼ ਦੇ ਕਸੌਲੀ ਸਥਿਤ ਕੇਂਦਰੀ ਖੋਜ ਸੰਸਥਾ ਵਿਖੇ ਟੈਟਨਸ ਅਤੇ ਡਿਪਥੀਰੀਆ ਟੀਕਾਕਰਨ ਸੇਵਾ ਦੀ ਸ਼ੁਰੂਆਤ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬੇ ਦੇ ਸਰਹੱਦੀ ਬਲਾਕਾਂ ਨੂੰ ਆਸਵੰਦ ਜ਼ਿਲ੍ਹਿਆਂ ਅਤੇ ਆਸਵੰਦ ਬਲਾਕ ਪ੍ਰੋਗਰਾਮਾਂ ਵਿੱਚ ਸ਼ਾਮਲ ਕਰਨ ਦਾ ਸੁਝਾਅ ਦਿੱਤਾ।

- ਪੰਜਾਬ ਸਰਕਾਰ ਵੱਲੋਂ ਮਾਨਸਾ ਸਥਿਤ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ ਵਿਖੇ 10 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹੋਸਟਲ ਨਿਰਮਾਣ ਦੀ ਸ਼ੁਰੂਆਤ। ਅਤੇ
- -ਮਹਿਲਾ ਕ੍ਰਿਕਟ ਵਿੱਚ, ਭਾਰਤ ਨੇ ਅੱਜ ਤਿੰਨ Twenty-twenty ਮੈਚਾਂ ਦੀ ਲੜੀ ਦੇ ਤੀਜੇ ਅਤੇ ਆਖਰੀ ਮੈਚ ਵਿੱਚ, ਆਸਟ੍ਰੇਲੀਆ ਨੂੰ 17 ਦੌੜਾਂ ਨਾਲ ਹਰਾ ਕੇ, ਲੜੀ 2-1 ਨਾਲ ਆਪਣੇ ਨਾਮ ਕੀਤੀ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**